# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ : 13-10-2025**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੈਨੇਡਾ ਦੇ ਵਿਦੇਸ਼ ਮੰਤਰੀ ਅਨੀਤਾ ਆਨੰਦ ਨਾਲ ਅੱਜ ਨਵੀਂ ਦਿੱਲੀ ਵਿੱਚ ਨਾਲ ਮੁਲਾਕਾਤ ਕੀਤੀ।

- ਪੰਜਾਬ ਦੀ ਤਰਨ ਤਾਰਨ ਵਿਧਾਨ ਸਭਾ ਸੀਟ ਦੀ ਜ਼ਿਮਨੀ ਚੋਣ ਲਈ ਨਾਮਜ਼ਦਗੀਆਂ ਭਰਨ ਦਾ ਅਮਲ ਅੱਜ ਤੋਂ ਸ਼ੁਰੂ ਹੋ ਗਿਆ ਏ.

- ਪੰਜਾਬ ਮੰਤਰੀ ਮੰਡਲ ਨੇ ਅੱਜ ਕਿਸਾਨਾਂ ਲਈ ਫਸਲਾਂ ਦੇ ਖਰਾਬੇ ਦੀ ਮੁਆਵਜ਼ਾ ਰਕਮ ਵਧਾ ਕੇ 20,ਹਜ਼ਾਰ ਰੁਪਏ ਪ੍ਰਤੀ ਏਕੜ ਤੱਕ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਏ

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਅਮ੍ਰਿਤਸਰ ਦੇ ਅਜਨਾਲਾ ਵਿਖੇ ਹੜ੍ਹ ਪੀੜਤ ਪਰਿਵਾਰਾਂ ਨੂੰ ਮੁਆਵਜ਼ਾ ਰਕਮ ਵੰਡੀ।

- ਭਾਰਤ ਨੇ ਵੈਸਟਇੰਡੀਜ਼ ਖਿਲਾਫ ਦੂਜੇ ਕ੍ਰਿਕਟ ਟੈਸਟ ਮੈਚ ਦੇ ਚੌਥੇ ਦਿਨ ਦੀ ਖੇਡ ਖਤਮ ਹੋਣ ਤੱਕ, 121 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ, ਇੱਕ ਵਿਕਟ ਦੇ ਨੁਕਸਾਨ 'ਤੇ 63 ਦੌੜਾਂ ਬਣਾ ਲਈਆਂ ਨੇ।

## ਹੁਣ ਖਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੈਨੇਡਾ ਦੇ ਵਿਦੇਸ਼ ਮੰਤਰੀ ਅਨੀਤਾ ਆਨੰਦ ਨਾਲ ਅੱਜ ਨਵੀਂ ਦਿੱਲੀ ਵਿੱਚ ਨਾਲ ਮੁਲਾਕਾਤ ਕੀਤੀ। ਸ਼੍ਰੀ ਮੋਦੀ ਨੇ ਸ਼੍ਰੀਮਤੀ ਆਨੰਦ ਦਾ ਸਵਾਗਤ ਕੀਤਾ ਅਤੇ ਦੱਸਿਆ ਕਿ ਉਨ੍ਹਾਂ ਦੀ ਯਾਤਰਾ ਭਾਰਤ-ਕੈਨੇਡਾ ਦੁਵੱਲੀ ਭਾਈਵਾਲੀ ਨੂੰ ਨਵੀਂ ਗਤੀ ਦੇਣ ਲਈ ਚੱਲ ਰਹੇ ਯਤਨਾਂ ਵਿੱਚ ਯੋਗਦਾਨ ਪਾਵੇਗੀ। ਪ੍ਰਧਾਨ ਮੰਤਰੀ ਨੇ ਇਸ ਸਾਲ ਜੂਨ ਵਿੱਚ ਜੀ-7 ਸੰਮੇਲਨ ਲਈ ਕੈਨੇਡਾ ਦੀ ਆਪਣੀ ਯਾਤਰਾ ਨੂੰ ਯਾਦ ਕੀਤਾ ਜਿਸ ਦੌਰਾਨ ਉਨ੍ਹਾਂ ਨੇ ਪ੍ਰਧਾਨ ਮੰਤਰੀ ਮਾਰਕ ਕਾਰਨੀ

ਨਾਲ ਇੱਕ ਬਹੁਤ ਹੀ ਉਸਾਰੂ ਮੁਲਾਕਾਤ ਕੀਤੀ ਸੀ। ਸ਼੍ਰੀ ਮੋਦੀ ਨੇ ਵਪਾਰ, ਊਰਜਾ, ਤਕਨਾਲੋਜੀ, ਖੇਤੀਬਾੜੀ ਅਤੇ ਲੋਕਾਂ-ਤੋਂ-ਲੋਕਾਂ ਦੇ ਸਬੰਧਾਂ ਵਿੱਚ ਦੋਵਾਂ ਦੇਸ਼ਾਂ ਵਿਚਕਾਰ ਵਧੇ ਹੋਏ ਸਹਿਯੋਗ ਦੀ ਮਹੱਤਤਾ ਦਾ ਜ਼ਿਕਰ ਕੀਤਾ। ਪ੍ਰਧਾਨ ਮੰਤਰੀ ਨੇ ਆਪਣੇ ਕੈਨੇਡੀਅਨ ਹਮਰੁਤਬਾ ਮਾਰਕ ਕਾਰਨੀ ਨੂੰ ਆਪਣੀਆਂ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਉਹ ਉਨ੍ਹਾਂ ਦੇ ਆਉਣ ਵਾਲੇ ਰੁਝੇਵਿਆਂ ਦੀ ਉਡੀਕ ਕਰ ਰਹੇ ਨੇ.

------------------------------------------------------

ਚੋਣ ਕਮਿਸ਼ਨ ਨੇ ਅੱਜ ਸੱਤ ਰਾਜਾਂ ਦੀਆਂ ਅੱਠ ਵਿਧਾਨ ਸਭਾ ਸੀਟਾਂ ਲਈ ਜ਼ਿਮਨੀ-ਚੋਣਾਂ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਏ ਜਿਸ ਨਾਲ ਪੰਜਾਬ ਦੀ ਤਰਨ ਤਾਰਨ ਵਿਧਾਨ ਸਭਾ ਸੀਟ ਦੀ ਜ਼ਿਮਨੀ ਚੋਣ ਲਈ ਨਾਮਜ਼ਦਗੀਆਂ ਭਰਨ ਦਾ ਅਮਲ ਅੱਜ ਤੋਂ ਸ਼ੁਰੂ ਹੋ ਗਿਆ ਏ । ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਨਾਮਜ਼ਦਗੀਆਂ ਭਰਨ ਦਾ ਅਮਲ 21 ਅਕਤੂਬਰ ਤੱਕ ਚਲੇਗਾ. ਉਨਾਂ ਦੱਸਿਆ ਕਿ 22 ਅਕਤੂਬਰ ਨੂੰ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਕੀਤੀ ਜਾਵੇਗੀ ਜਦਕਿ 24 ਅਕਤੂਬਰ ਨਾਮਜ਼ਦਗੀ ਪੱਤਰ ਵਾਪਿਸ ਲੈਣ ਦੀ ਆਖਰੀ ਤਰੀਕ ਏ. ਵੋਟਾਂ 11 ਨਵੰਬਰ ਨੂੰ ਪੈਣਗੀਆਂ ਤੇ ਵੋਟਾ ਦੀ ਗਿਣਤੀ 14 ਨਵੰਬਰ ਨੂੰ ਹੋਵੇਗੀ। ਇਸ ਦੇ ਨਾਲ ਹੀ ਸਮੁੱਚੀ

ਚੋਣ ਪ੍ਰਕਿਰਿਆ 16 ਨਵੰਬਰ, ਤੱਕ ਮੁਕੰਮਲ ਕਰ ਲਈ ਜਾਵੇਗੀ। ਸਿਬਿਨ ਸੀ ਨੇ ਅੱਗੇ ਕਿਹਾ ਕਿ ਜ਼ਿਮਨੀ ਚੋਣ ਦੇ ਐਲਾਨ ਤੋਂ ਬਾਅਦ 6 ਅਕਤੂਬਰ ਤੋਂ ਆਦਰਸ਼ ਚੋਣ ਜ਼ਾਬਤਾ ਲਾਗੂ ਹੋ ਗਿਆ ਸੀ ਜੋ ਚੋਣ ਪ੍ਰਕਿਰਿਆ ਪੂਰੀ ਹੋਣ ਤੱਕ ਪ੍ਰਭਾਵੀ ਰਹੇਗਾ।

---------------------------------------------------------

ਕੇਂਦਰੀ ਖੇਤੀਬਾੜੀ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਕੱਲ੍ਹ ਪੰਜਾਬ ਦਾ ਦੌਰਾ ਕਰ ਰਹੇ ਨੇ ਤੇ ਉਹ ਲੁਧਿਆਣਾ ਵਿੱਚ ਇੰਡੀਅਨ ਕੌਂਸਲ ਆਫ਼ ਐਗਰੀਕਲਚਰਲ ਰਿਸਰਚ-ਇੰਡੀਅਨ ਇੰਸਟੀਚਿਊਟ ਆਫ਼ ਮਿਲਟਸ ਰਿਸਰਚ (ICAR-IIMR) ਵਿਖੇ ਦਿਹਾਤੀ ਵਿਕਾਸ ਸਕੀਮਾਂ ਦੇ ਲਾਭਪਾਤਰੀਆਂ ਅਤੇ ਸਵੈ-ਸਹਾਇਤਾ ਸਮੂਹ ਦੀਦੀਆਂ ਨਾਲ ਗੱਲਬਾਤ ਕਰਨਗੇ. ਮੰਤਰੀ ਦਾ ਜ਼ਿਲ੍ਹੇ ਦੇ ਪਿੰਡ ਨੂਰਪੁਰ ਬੇਟ ਵਿਖੇ 'ਫਾਰਮਰਜ਼' ਚੌਪਾਲ' ਵਿਖੇ ਕਿਸਾਨਾਂ ਨਾਲ ਵੀ ਗੱਲਬਾਤ ਕਰਣ ਦਾ ਪ੍ਰੋਗ੍ਰਾਮ ਏ. ਉਹ 'ਸੁਪਰ ਸਟ੍ਰਾਅ ਮੈਨੇਜਮੈਂਟ ਸਿਸਟਮ ਨਾਲ ਲੈਸ ਕੰਬਾਈਨ ਹਾਰਵੈਸਟਰ ਨਾਲ ਝੋਨੇ ਦੀ ਕਟਾਈ' 'ਤੇ ਲਾਈਵ ਵਿਖਾਲੇ ਦਾ ਹਿੱਸਾ ਹੋਣਗੇ। ਸ਼੍ਰੀ ਚੌਹਾਨ ਲੁਧਿਆਣਾ ਦੇ ਦੋਰਾਹਾ ਵਿਖੇਚ ਇੱਕ ਮਧੂ-ਮੱਖੀ ਪਾਲਣ ਉੱਦਮ ਦਾ ਵੀ ਦੌਰਾ ਕਰਨਗੇ।

---------------------------------------------------------

ਪੰਜਾਬ ਮੰਤਰੀ ਮੰਡਲ ਨੇ ਅੱਜ ਕਿਸਾਨਾਂ ਲਈ ਫਸਲਾਂ ਦੇ ਖਰਾਬੇ ਦੀ ਮੁਆਵਜ਼ਾ ਰਕਮ ਵਧਾ ਕੇ 20,ਹਜ਼ਾਰ ਰੁਪਏ ਪ੍ਰਤੀ ਏਕੜ ਤੱਕ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਏ । ਇਸ ਬਾਰੇ ਫੈਸਲਾ ਅੱਜ ਮੁੱਖ ਮੰਤਰੀ ਦੀ ਅਗਵਾਈ ਵਿੱਚ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ। ਇਹ ਪ੍ਰਗਟਾਵਾ ਕਰਦਿਆਂ ਸਰਕਾਰੀ ਬੁਲਾਰੇ ਨੇ ਦੱਸਿਆ ਏ ਕਿ ਕੁਦਰਤੀ ਆਫਤਾਂ ਕਾਰਨ ਖਰਾਬ ਹੋਈਆਂ ਫਸਲਾਂ ਅਤੇ ਘਰਾਂ ਦੇ ਨੁਕਸਾਨ ਲਈ ਪੀੜਤ ਲੋਕਾਂ ਨੂੰ ਢੁਕਵੀਂ ਰਾਹਤ ਦੇਣ ਲਈ ਮੰਤਰੀ ਮੰਡਲ ਨੇ ਨੁਕਸਾਨ ਦੀ ਭਰਪਾਈ ਲਈ ਸੂਬੇ ਦੇ ਬਜਟ ਵਿੱਚੋਂ ਮੁਆਵਜ਼ਾ ਦੇਣ ਵਾਸਤੇ ਰਾਹਤ ਰਕਮ ਦੀਆਂ ਸੋਧੀਆਂ ਹੋਈਆਂ ਦਰਾਂ ਨੂੰ ਕਾਰਜ-ਬਾਅਦ ਮਨਜ਼ੂਰੀ ਦੇ ਦਿੱਤੀ ਏ । ਇਸ ਫੈਸਲੇ ਤਹਿਤ ਫਸਲਾਂ ਦੇ 26 ਤੋਂ 75 ਫੀਸਦੀ ਤੱਕ ਨੁਕਸਾਨ ਲਈ 10,ਹਜ਼ਾਰ ਰੁਪਏ ਪ੍ਰਤੀ ਏਕੜ ਅਤੇ 76-100 ਫੀਸਦੀ ਤੱਕ ਨੁਕਸਾਨ ਲਈ 20,ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਮਿਲੇਗਾ। ਇਸ ਤੋਂ ਇਲਾਵਾ ਘਰਾਂ ਨੂੰ ਅੰਸ਼ਕ ਤੌਰ ਉਤੇ ਹੋਏ ਨੁਕਸਾਨ ਲਈ ਪ੍ਰਤੀ ਘਰ 40 ਹਜ਼ਾਰ ਰੁਪਏ ਦਿੱਤੇ ਜਾਣਗੇ ਜਦਕਿ ਪਹਿਲਾਂ ਇਹ ਰਕਮ ਸਿਰਫ 6 500 ਰੁਪਏ ਪ੍ਰਤੀ ਏਕੜ ਸੀ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੜ੍ਹਾਂ ਨਾਲ ਸਭ ਤੋਂ ਵਧ ਪ੍ਰਭਾਵਿਤ ਅੰਮ੍ਰਿਤਸਰ ਦੇ ਅਜਨਾਲਾ ਦੇ 631 ਲਾਭਪਾਤਰੀਆਂ ਨੂੰ ਅੱਜ

5.70 ਕਰੋੜ ਰੁਪਏ ਦੇ ਚੈੱਕ ਵੰਡੇ। ਹੜ੍ਹ ਪੀੜਤਾਂ ਨੂੰ ਮੁਆਵਜ਼ਾ ਵੰਡਣ ਲਈ ਸਮਾਰੋਹ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ 11 ਸਤੰਬਰ ਨੂੰ ਉਨ੍ਹਾਂ ਨੇ ਐਲਾਨ ਕੀਤਾ ਗਿਆ ਸੀ ਕਿ ਵਿਸ਼ੇਸ਼ ਗਿਰਦਾਵਰੀ ਕਰਵਾਉਣ ਮਗਰੋਂ 45 ਦਿਨਾਂ ਦੇ ਅੰਦਰ-ਅੰਦਰ ਮੁਆਵਜ਼ਾ ਵੰਡਣਾ ਸ਼ੁਰੂ ਕਰ ਦਿੱਤਾ ਜਾਵੇਗਾ। ਓਹਨਾਂ ਕਿਹਾ ਕਿ ਭਾਵੇਂ 45 ਦਿਨਾਂ ਦੀ ਇਹ ਸਮਾਂ ਹੱਦ 28 ਅਕਤੂਬਰ ਨੂੰ ਖ਼ਤਮ ਹੋ ਰਹੀ ਏ ਪਰ ਸੂਬਾ ਸਰਕਾਰ ਨੇ ਸਮੇਂ ਤੋਂ ਪਹਿਲਾਂ ਹੀ ਮੁਆਵਜ਼ਾ ਵੰਡਣ ਦੀ ਸ਼ੁਰੂਆਤ ਕਰ ਦਿੱਤੀ ਏ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਹੜ੍ਹਾਂ ਕਾਰਨ 198 ਪਿੰਡ ਪ੍ਰਭਾਵਿਤ ਹੋਏ ਅਤੇ ਵਿਸ਼ੇਸ਼ ਗਿਰਦਾਵਰੀ ਦੀਆਂ ਰਿਪੋਰਟਾਂ ਅਨੁਸਾਰ 59,793 ਏਕੜ ਤੋਂ ਵੱਧ ਰਕਬੇ ਵਿੱਚ ਫ਼ਸਲਾਂ ਨੁਕਸਾਨੀਆਂ ਗਈਆਂ। ਉਨ੍ਹਾਂ ਕਿਹਾ ਕਿ 958 ਮਕਾਨ ਪੂਰੀ ਤਰ੍ਹਾਂ ਬਰਬਾਦ ਹੋ ਗਏ ਅਤੇ 3711 ਮਕਾਨਾਂ ਨੂੰ ਅੰਸ਼ਕ ਤੌਰ ਉੱਤੇ ਨੁਕਸਾਨ ਹੋਇਆ। ਉਨ੍ਹਾਂ ਕਿਹਾ ਕਿ 307 ਪਸ਼ੂਆਂ ਦਾ ਵੀ ਨੁਕਸਾਨ ਹੋਇਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਮੇਂ ਸਿਰ ਮੁਆਵਜ਼ੇ ਦੀ ਵੰਡ ਤੇ ਪਾਰਦਰਸ਼ਤਾ ਯਕੀਨੀ ਬਣਾਉਣ ਲਈ ਪਹਿਲੀ ਦਫ਼ਾ ਗਿਰਦਾਵਰੀ ਆਨਲਾਈਨ ਪੋਰਟਲ ਰਾਹੀਂ ਕੀਤੀ ਗਈ। ਮੁੱਖ ਮੰਤਰੀ ਨੇ ਹੜ੍ਹ ਪੀੜਤਾਂ ਨਾਲ ਤਹਿ ਦਿਲੋਂ ਹਮਦਰਦੀ ਜ਼ਾਹਰ ਕਰਦਿਆਂ ਕਿਹਾ ਕਿ ਇਸ ਕੁਦਰਤੀ ਆਫ਼ਤ ਕਾਰਨ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਜਨ-ਜੀਵਨ

ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ। ਉਨ੍ਹਾਂ ਕਿਹਾ ਕਿ ਕੋਈ ਵੀ ਹੋਰ ਸੂਬਾ ਇਸ ਤਰ੍ਹਾਂ ਆਫ਼ਤ ਵਿੱਚੋਂ ਪਾਰ ਨਹੀਂ ਲੰਘਿਆ, ਜਿਸ ਤਰ੍ਹਾਂ ਪੰਜਾਬ ਦੀ ਇਹ ਪਵਿੱਤਰ ਧਰਤੀ ਨਿਕਲੀ ਏ। ਓਹਨਾਂ ਕਿਹਾ ਕਿ ਸੂਬਾ ਸਰਕਾਰ ਦੇਸ਼ ਤੇ ਵਿਦੇਸ਼ ਵਿੱਚ ਬੈਠੇ ਹਰੇਕ ਉਸ ਵਿਅਕਤੀ ਦੀ ਕਰਜਦਾਰ ਏ, ਜਿਸ ਨੇ ਇਨ੍ਹਾਂ ਮੁਸ਼ਕਲ ਸਮਿਆਂ ਦੌਰਾਨ ਲੋਕਾਂ ਦਾ ਦੁੱਖ ਵੰਡਾਇਆ ਅਤੇ ਉਨ੍ਹਾਂ ਵੱਲ ਮਦਦ ਦਾ ਹੱਥ ਵਧਾਇਆ।

-------------------------------------------------------

**BREAK**

**ਇਹ ਖਬਰਾਂ ਤੁਸੀਂ ਅਕਾਸ਼ਵਾਣੀ ਤੋਂ ਸੁਣ ਰਹੇ ਓ ।**

**>ਸਾਡਾ X ਹੈਂਡਲ ਏ**

**AT THE RATE AIR RNU JALANDHAR**

**>ਸਾਡਾ FACEBOOK PAGE ਏ -**

**RNU HYPHEN AIR JALANDHAR**

**ਅਤੇ**

**>YOUTUBE ਤੇ ਸਾਡਾ CHANNEL ਏ -**

**AT THE RATE AIR JALANDHAR**

-------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਖੇਤੀਬਾੜੀ ਨੂੰ ਲਾਹੇਵੰਦ ਧੰਦਾ ਬਣਾਉਣ ਲਈ ਪੰਜਾਬ ਤੇ ਅਰਜਨਟੀਨਾ ਵਿਚਾਲੇ ਆਪਸੀ ਸਹਿਯੋਗ ਵਧਾਉਣ ਲਈ ਕਿਹਾ ਏ. ਅਰਜਨਟੀਨਾ ਦੇ ਸੈਂਟਰੋ ਐਗਰੋ-ਟੈਕਨੀਕੋ ਰੀਜਨਲ ਦੇ ਵਫ਼ਦ ਨਾਲ ਗੱਲਬਾਤ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਇਹ ਖ਼ੁਸ਼ੀ ਦੀ ਗੱਲ ਏ ਕਿ ਇਸ ਵੱਕਾਰੀ ਸੰਸਥਾ ਦਾ ਅਮਲਾ ਤੇ ਵਿਦਿਆਰਥੀ 8 ਤੋਂ 17 ਅਕਤੂਬਰ ਤੱਕ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਦੌਰੇ 'ਤੇ ਨੇ. ਉਨ੍ਹਾਂ ਕਿਹਾ ਕਿ ਅਰਜਨਟੀਨਾ ਦੀ ਆਰਥਿਕਤਾ ਵਿੱਚ ਖੇਤੀਬਾੜੀ ਦਾ ਅਹਿਮ ਸਥਾਨ ਏ ਤੇ ਖ਼ਾਸ ਤੌਰ ਉੱਤੇ ਪਸ਼ੂ-ਪਾਲਣ ਅਤੇ ਅਨਾਜ ਉਤਪਾਦਨ ਨਾਲ ਅਰਜਨਟੀਨਾ ਵਿਸ਼ਵ ਦੇ ਮੋਹਰੀ ਖੁਰਾਕ ਉਤਪਾਦਕਾਂ ਵਿੱਚ ਏ । ਸ੍ਰੀ ਮਾਨ ਨੇ ਕਿਹਾ ਕਿ ਆਪਣੀਆਂ ਸੰਸਥਾਵਾਂ ਵਿੱਚ ਖੇਤੀਬਾੜੀ ਦੇ ਵਿਸ਼ੇ ਬਾਰੇ ਪੜ੍ਹਾਈ ਕਰ ਰਹੇ ਇਹ ਵਿਦਿਆਰਥੀ ਪੰਜਾਬ ਵਿੱਚ ਚੱਲ ਰਹੀਆਂ ਆਧੁਨਿਕ ਖੇਤੀਬਾੜੀ ਜੁਗਤਾਂ ਬਾਰੇ ਜਾਣਨ ਲਈ ਇੱਥੇ ਆਏ ਨੇ. ਉਨ੍ਹਾਂ ਕਿਹਾ ਕਿ ਪੰਜਾਬ ਤੇ ਅਰਜਨਟੀਨਾ ਦੋਵੇਂ, ਦੁਵੱਲੇ ਆਪਸੀ ਸਹਿਯੋਗ ਨੂੰ ਹੁਲਾਰਾ ਦੇਣ ਲਈ ਖੇਤੀਬਾੜੀ ਦੇ ਖ਼ੇਤਰ ਵਿੱਚ ਰਲ ਕੇ ਕੰਮ ਕਰ ਸਕਦੇ ਨੇ. ਮੁੱਖ ਮੰਤਰੀ ਨੇ ਕਿਹਾ ਕਿ ਖੇਤੀਬਾੜੀ ਯੂਨੀਵਰਸਿਟੀ ਦਾ ਵਫ਼ਦ ਵੀ ਹਰੇਕ ਸਾਲ ਅਰਜਨਟੀਨਾ ਦਾ ਦੌਰਾ ਕਰਦਾ ਏ ਤਾਂ ਜੋ ਯੂਨੀਵਰਸਿਟੀ ਦੇ ਵਿਦਿਆਰਥੀ ਖੇਤੀਬਾੜੀ ਖ਼ੇਤਰ ਵਿੱਚ ਆਪਣੀ ਮੁਹਾਰਤ ਨੂੰ ਬਿਹਤਰ

ਬਣਾ ਸਕਣ। ਉਨ੍ਹਾਂ ਉਮੀਦ ਜਤਾਈ ਕਿ ਦੁਵੱਲਾ ਸਹਿਯੋਗ ਖੇਤੀਬਾੜੀ ਨੂੰ ਲਾਹੇਵੰਦਾ ਬਣਾਉਣ ਵੱਲ ਵੱਡੀ ਪੁਲਾਂਘ ਹੋਵੇਗਾ।

-----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਐਲਾਨਿਆ ਗਿਆ ਅਤੇ ਪਿਛਲੇ ਮਹੀਨੇ ਦੀ 22 ਤਰੀਕ ਤੋਂ ਸ਼ੁਰੂ ਹੋਇਆ GST ਬਚਤ ਉਤਸਵ, ਪੂਰੇ ਦੇਸ਼ ਨੂੰ ਲਾਭ ਪਹੁੰਚਾ ਰਿਹਾ ਏ । ਅੱਜ ਅਸੀਂ ਗੱਲ ਕਰਦੇ ਹਾਂ ਕਿ ਇਹ ਨਵੇਂ GST ਸੁਧਾਰ ਪੰਜਾਬ ਦੀਆਂ ਵਖ – ਵਖ ਸਨਅਤਾਂ ਨੂੰ ਕਿਵੇਂ ਮਜ਼ਬੂਤ ਬਣਾਉਣਗੇ - ਨਵੇਂ GST ਸੁਧਾਰ ਪੰਜਾਬ ਦੇ ਕਾਰੀਗਰਾਂ, ਕਿਸਾਨਾਂ ਅਤੇ ਛੋਟੇ ਕਾਰੋਬਾਰਾਂ ਲਈ ਇੱਕ ਵੱਡੀ ਜਿੱਤ ਨੇ। ਸੋਧੀਆਂ ਹੋਈਆਂ ਦਰਾਂ ਤਹਿਤ, ਰਾਜ ਵਿੱਚ ਬਹੁਤ ਸਾਰੀਆਂ ਵਸਤਾਂ ‘ਤੇ ਹੁਣ ਘਟਾਇਆ ਗਿਆ ਟੈਕਸ ਲਗੇਗਾ, ਜਿਸ ਨਾਲ ਰਵਾਇਤੀ ਅਤੇ ਖੇਤਰੀ ਉਤਪਾਦ ਵਧੇਰੇ ਕਿਫਾਇਤੀ ਹੋਣਗੇ ਅਤੇ ਸਥਾਨਕ ਉਤਪਾਦਨ ਨੂੰ ਹੁਲਾਰਾ ਮਿਲੇਗਾ। ਇਹ ਸੁਧਾਰ ਪੰਜਾਬ ਦੇ ਟੈਕਸਟਾਈਲ ਅਤੇ ਦਸਤਕਾਰੀ ਖੇਤਰਾਂ ਲਈ ਵਿਸ਼ੇਸ਼ ਮਹੱਤਵ ਰਖਦੇ ਨੇ । ਫੁਲਕਾਰੀ ਕਢਾਈ, ਜੋ ਲਗਭਗ ਵੀਹ ਹਜ਼ਾਰ ਕਾਰੀਗਰਾਂ ਨੂੰ ਰੁਜ਼ਗਾਰ ਦਿੰਦੀ ਏ, 'ਤੇ ਹੁਣ 12 ਫੀਸਦੀ ਦੀ ਬਜਾਏ 5 ਫੀਸਦੀ ਟੈਕਸ ਲਾਇਆ ਜਾਂਦਾ ਏ, ਜਿਸ ਨਾਲ ਘਰੇਲੂ ਅਤੇ ਅੰਤਰਰਾਸ਼ਟਰੀ ਬਾਜ਼ਾਰਾਂ ਵਿੱਚ ਇਸਦੀ ਵਿਕਰੀ ਵਧਦੀ ਏ । ਲੁਧਿਆਣਾ ਅਤੇ ਅੰਮ੍ਰਿਤਸਰ ਵਿੱਚ ਬਣੇ ਊਨੀ ਸ਼ਾਲਾਂ

ਅਤੇ ਸਟੋਲਸ'ਤੇ ਹੁਣ 12 ਤੋਂ 5 ਫੀਸਦੀ ਟੈਕਸ ਲਗੇਗਾ ਜਿਸ ਨਾਲ ਬੁਣਕਰਾਂ ਅਤੇ ਛੋਟੀਆਂ ਇਕਾਈਆਂ ਨੂੰ ਆਪਣੀ ਪਹੁੰਚ ਵਧਾਉਣ ਵਿੱਚ ਮਦਦ ਮਿਲਦੀ ਏ । ਇਹ ਸੁਧਾਰ ਤਿਉਹਾਰਾਂ ਦੇ ਮੌਸਮ ਅਤੇ ਇਸ ਤੋਂ ਬਾਅਦ ਵਿਕਰੀ ਨੂੰ ਵਧਾਉਣ, ਉਪਜੀਵਿਕਾ ਦੀ ਰਾਖੀ ਕਰਨ ਅਤੇ ਪੰਜਾਬ ਦੇ ਨਿਰਮਾਣ ਖੇਤਰਾਂ 'ਚ ਨਵੀਂ ਊਰਜਾ ਭਰਨ ਲਈ ਤਿਆਰ ਕੀਤੇ ਗਏ ਨੇ.

------------------------------------------------------

ਗੁਰੂ ਗੋਬਿੰਦ ਸਿੰਘ ਜੀ ਦੇ ਪਵਿੱਤਰ ਜੋੜੇ ਸਾਹਿਬ ਨੂੰ ਦੀਵਾਲੀ ਤੋਂ ਬਾਅਦ, ਰਾਜਧਾਨੀ ਦਿੱਲੀ ਤੋਂ ਉਨ੍ਹਾਂ ਦੇ ਜਨਮ ਸਥਾਨ ਬਿਹਾਰ ਦੇ ਪਟਨਾ ਸਾਹਿਬ ਵਿਖੇ ਲਿਜਾਇਆ ਜਾਵੇਗਾ। ਇਹ ਜਾਣਕਾਰੀ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨੇ ਅੱਜ ਨਵੀਂ ਦਿੱਲੀ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ ਦਿੱਤੀ। ਮੰਤਰੀ ਨੇ ਕਿਹਾ ਕਿ ਜੋੜੇ ਸਾਹਿਬ ਨੂੰ ਦਿੱਲੀ ਤੋਂ ਪਟਨਾ ਸਾਹਿਬ ਤੱਕ ਪਹੁੰਚਾਉਣ ਲਈ, 1500 ਕਿਲੋਮੀਟਰ ਦੀ ਇੱਕ ਸ਼ਾਨਦਾਰ ਯਾਤਰਾ ਹੋਏਗੀ। ਉਨ੍ਹਾਂ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿਫ਼ਾਰਸ਼ ਕੀਤੀ ਏ ਕਿ, ਪਵਿੱਤਰ ਜੋੜੇ ਸਾਹਿਬ ਨੂੰ ਪਟਨਾ ਸਾਹਿਬ ਲਿਜਾਇਆ ਜਾਵੇ ਤਾਂ ਜੋ ਲੋਕ ਉੱਥੇ ਉਹਨਾਂ ਦੇ ਦਰਸ਼ਨ ਕਰ ਸਕਣ। ਇਸ ਪ੍ਰੋਗਰਾਮ ਵਿੱਚ ਦਿੱਲੀ, ਹਰਿਆਣਾ, ਉੱਤਰ ਪ੍ਰਦੇਸ਼ ਅਤੇ ਬਿਹਾਰ ਰਾਜ ਸ਼ਾਮਲ ਹੋਣਗੇ।

---------------------------------------------------

ਪੱਛੜੀਆਂ ਸ਼੍ਰੇਣੀਆਂ ਬਾਰੇ ਰਾਸ਼ਟਰੀ ਕਮਿਸ਼ਨ (ਐਨ.ਸੀ.ਬੀ.ਸੀ.), ਭਾਰਤ ਸਰਕਾਰ ਦੀ ਹੋਰ ਪਛੜੀਆਂ ਸ਼੍ਰੇਣਿਆਂ ਬਾਰੇ ਕੇਂਦਰੀ ਸੂਚੀ ਵਿੱਚ ਪੰਜਾਬ ਦੀਆਂ ਵੱਖ-ਵੱਖ ਜਾਤਾਂ ਨੂੰ ਸ਼ਾਮਲ ਕਰਨ ਦੇ ਸਬੰਧ ਵਿੱਚ ਭਲਕੇ ਚੰਡੀਗੜ੍ਹ ਵਿਖੇ ਜਨਤਕ ਸੁਣਵਾਈ ਕਰੇਗਾ। ਇਸ ਬਾਰੇ ਜਾਣਕਾਰੀ ਦਿੰਦਿਆਂ ਸਰਕਾਰੀ ਬੁਲਾਰੇ ਨੇ ਦੱਸਿਆ ਏ ਕਿ ਇਸ ਜਨਤਕ ਸੁਣਵਾਈ ਦਾ ਮੁੱਖ ਉਦੇਸ਼ ਸਬੰਧਤ ਜਾਤਾਂ ਦੇ ਨੁਮਾਇੰਦਿਆਂ ਨੂੰ ਕਮਿਸ਼ਨ ਦੇ ਸਾਹਮਣੇ ਸਿੱਧੇ ਤੌਰ ’ਤੇ ਆਪਣੇ ਵਿਚਾਰ, ਤੱਥ ਅਤੇ ਮੰਗਾਂ ਪੇਸ਼ ਕਰਨ ਦਾ ਮੌਕਾ ਪ੍ਰਦਾਨ ਕਰਨਾ ਏ । ਰਾਜ ਸਰਕਾਰ ਨੇ ਸਬੰਧਤ ਜਾਤਿ ਸਮੂਹਾਂ ਅਤੇ ਉਨ੍ਹਾਂ ਦੇ ਪ੍ਰਤੀਨਿਧੀਆਂ ਨੂੰ ਅਪੀਲ ਕੀਤੀ ਏ ਕਿ ਉਹ ਇਸ ਜਨਤਕ ਸੁਣਵਾਈ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਕਮਿਸ਼ਨ ਨਾਲ ਆਪਣੇ ਸੁਝਾਅ ਸਾਂਝੇ ਕਰਨ।

---------------------------------------------------

ਨਵੀਂ ਦਿੱਲੀ ਵਿੱਚ ਵੈਸਟਇੰਡੀਜ਼ ਖਿਲਾਫ ਦੂਜੇ ਕ੍ਰਿਕਟ ਟੈਸਟ ਮੈਚ ਦੇ ਚੌਥੇ ਦਿਨ ਦੀ ਖੇਡ ਖਤਮ ਹੋਣ ਤੱਕ, ਭਾਰਤ ਨੇ 121 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ, ਇੱਕ ਵਿਕਟ ਦੇ ਨੁਕਸਾਨ 'ਤੇ 63 ਦੌੜਾਂ ਬਣਾ ਲਈਆਂ ਨੇ। ਖੇਡ ਖ਼ਤਮ ਹੋਣ ਸਮੇਂ, KL Rahul ਅਤੇ Sai Sudharsan ਕ੍ਰੀਜ਼ 'ਤੇ ਸਨ।

ਇਸ ਤੋਂ ਪਹਿਲਾਂ, ਵੈਸਟਇੰਡੀਜ਼ ਆਪਣੀ ਦੂਜੀ ਪਾਰੀ ਵਿੱਚ 390 ਦੌੜਾਂ 'ਤੇ ਆਊਟ ਹੋ ਗਿਆ ਸੀ।

---------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੈਨੇਡਾ ਦੇ ਵਿਦੇਸ਼ ਮੰਤਰੀ ਅਨੀਤਾ ਆਨੰਦ ਨਾਲ ਅੱਜ ਨਵੀਂ ਦਿੱਲੀ ਵਿੱਚ ਨਾਲ ਮੁਲਾਕਾਤ ਕੀਤੀ।

- ਪੰਜਾਬ ਦੀ ਤਰਨ ਤਾਰਨ ਵਿਧਾਨ ਸਭਾ ਸੀਟ ਦੀ ਜ਼ਿਮਨੀ ਚੋਣ ਲਈ ਨਾਮਜ਼ਦਗੀਆਂ ਭਰਨ ਦਾ ਅਮਲ ਅੱਜ ਤੋਂ ਸ਼ੁਰੂ ਹੋ ਗਿਆ ਏ.

- ਪੰਜਾਬ ਮੰਤਰੀ ਮੰਡਲ ਨੇ ਅੱਜ ਕਿਸਾਨਾਂ ਲਈ ਫਸਲਾਂ ਦੇ ਖਰਾਬੇ ਦੀ ਮੁਆਵਜ਼ਾ ਰਕਮ ਵਧਾ ਕੇ 20,ਹਜ਼ਾਰ ਰੁਪਏ ਪ੍ਰਤੀ ਏਕੜ ਤੱਕ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਏ

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਅਮ੍ਰਿਤਸਰ ਦੇ ਅਜਨਾਲਾ ਵਿਖੇ ਹੜ੍ਹ ਪੀੜਤ ਪਰਿਵਾਰਾਂ ਨੂੰ ਮੁਆਵਜ਼ਾ ਰਕਮ ਵੰਡੀ ।

- ਭਾਰਤ ਨੇ ਵੈਸਟਇੰਡੀਜ਼ ਖਿਲਾਫ ਦੂਜੇ ਕ੍ਰਿਕਟ ਟੈਸਟ ਮੈਚ ਦੇ ਚੌਥੇ ਦਿਨ ਦੀ ਖੇਡ ਖਤਮ ਹੋਣ ਤੱਕ, 121 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ, ਇੱਕ ਵਿਕਟ ਦੇ ਨੁਕਸਾਨ 'ਤੇ 63 ਦੌੜਾਂ ਬਣਾ ਲਈਆਂ ਨੇ।

---------------------------------------------------------

**ਇਸਦੇ ਨਾਲ ਹੀ ਪ੍ਰਾਦੇਸ਼ਿਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**